ਸਾਰਗ ਮਹਲਾ ੪ ॥ ਹਰਿ ਹਰਿ ਅੰਮ੍ਰਿਤ ਨਾਮੁ ਦੇਹੁ ਪਿਆਰੇ ॥ ਜਿਨ ਊਪਰਿ ਗੁਰਮੁਖਿ ਮਨੁ ਮਾਨਿਆ ਤਿਨ ਕੇ ਕਾਜ ਸਵਾਰੇ ॥੧॥ ਰਹਾਉ ॥ ਜੋ ਜਨ ਦੀਨ ਭਏ ਗੁਰ ਆਗੈ ਤਿਨ ਕੇ ਦੂਖ ਨਿਵਾਰੇ ॥ ਅਨਦਿਨੁ ਭਗਤਿ ਕਰਹਿ ਗੁਰ ਆਗੈ ਗੁਰ ਕੈ ਸਬਦਿ ਸਵਾਰੇ ॥ ੧॥ ਹਿਰਦੈ ਨਾਮੁ ਅੰਮ੍ਰਿਤ ਰਸੁ ਰਸਨਾ ਰਸੁ ਗਾਵਹਿ ਰਸੁ ਬੀਚਾਰੇ ॥ ਗੁਰ ਪਰਸਾਦਿ ਅੰਮ੍ਰਿਤ ਰਸੁ ਚੀਨ੍ਹ੍ਹਿਆ ਓਇ ਪਾਵਹਿ ਮੋਖ ਦੁਆਰੇ ॥੨॥ ਸਤਿਗੁਰੁ ਪੁਰਖੁ ਅਚਲੁ ਅਚਲਾ ਮਤਿ ਜਿਸੁ ਦ੍ਰਿੜਤਾ ਨਾਮੁ ਅਧਾਰੇ ॥ ਤਿਸੁ ਆਗੈ ਜੀਉ ਦੇਵਉ ਅਪੁਨਾ ਹਉ ਸਤਿਗੁਰ ਕੈ ਬਲਿਹਾਰੇ ॥ ੩॥ ਮਨਮੁਖ ਭ੍ਰਮਿ ਦੂਜੈ ਭਾਇ ਲਾ ਗੇ ਅੰਤਰਿ ਅਗਿਆਨ ਗੁਬਾਰੇ ॥ ਸਤਿਗੁਰੁ ਦਾਤਾ ਨਦਰਿ ਨ ਆਵੈ ਨਾ ਉਰਵਾਰਿ ਨ ਪਾਰੇ ॥ ੪॥ ਸਰਬੇ ਘਟਿ ਘਟਿ ਰਵਿਆ ਸੁਆਮੀ ਸਰਬ ਕਲਾ ਕਲ ਧਾਰੇ ॥ ਨਾਨਕੁ ਦਾਸਨਿ ਦਾਸੁ ਕਹਤ ਹੈ ਕਰਿ ਕਿਰਪਾ ਲੇਹੁ ਉਬਾਰੇ ॥੫॥੩॥ {ਪੰਨਾ 1199}

ਪਦਅਰਥ:- ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ। ਗੁਰਮੁਖਿ ਮਨੁ—ਗੁਰੂ ਦਾ ਮਨ। ਮਾਨਿਆ—ਪਤੀਜ ਜਾਂਦਾ ਹੈ। ਕਾਜ—ਸਾਰੇ ਕੰਮ। ਸਵਾਰੇ—(ਗੁਰੂ) ਸਵਾਰ ਦੇਂਦਾ ਹੈ।1। ਰਹਾਉ।

ਦੀਨ—ਨਿਮਾਣੇ। ਨਿਵਾਰੇ—ਦੂਰ ਕਰ ਦੇਂਦਾ ਹੈ। ਅਨਦਿਨੁ—ਹਰ ਰੋਜ਼, ਹਰ ਵੇਲੇ। ਕਰਹਿ—ਕਰਦੇ ਹਨ {ਬਹੁ-ਵਚਨ}। ਗੁਰ ਆਗੈ—ਗੁਰੂ ਦੀ ਹਜ਼ੂਰੀ ਵਿਚ, ਗੁਰੂ ਦੇ ਸਨਮੁਖ ਰਹਿ ਕੇ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ।1।

ਹਿਰਦੈ—ਹਿਰਦੇ ਵਿਚ। ਨਾਮੁ ਅੰਮ੍ਰਿਤ ਰਸੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਰਸਨਾ—ਜੀਭ ਨਾਲ। ਗਾਵਹਿ—ਗਾਂਦੇ ਹਨ। ਬੀਚਾਰੇ—ਬੀਚਾਰਿ, ਮਨ ਵਿਚ ਵਸਾ ਕੇ। ਗੁਰ ਪਰਸਾਦਿ—ਗੁਰੂ ਦੀ ਕਿਰਪਾ ਨਾਲ। ਚੀਨ੍ਹ੍ਹਿਆ—ਪਛਾਣ ਲਿਆ। ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} ਉਹ ਬੰਦੇ। ਮੋਖ ਦੁਆਰੇ—(ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਰਸਤਾ।2।

ਅਚਲੁ—ਅਡੋਲ-ਚਿੱਤ। ਅਚਲਾ ਮਤਿ—(ਮਾਇਆ ਦੇ ਟਾਕਰੇ ਤੇ) ਅਡੋਲ ਰਹਿਣ ਵਾਲੀ ਮਤਿ ਵਾਲਾ। ਜਿਸੁ ਦ੍ਰਿੜਤਾ—ਜਿਸ ਦੇ ਅੰਦਰ ਅਡੋਲਤਾ ਹੈ। ਅਧਾਰੇ—ਆਸਰਾ। ਜੀਉ—ਜਿੰਦ। ਦੇਵਉ—ਦੇਵਉਂ, ਮੈਂ ਭੇਟਾ ਕਰਦਾ ਹਾਂ। ਹਉ—ਮੈਂ।3।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਭ੍ਰਮਿ—ਭਟਕਣਾ ਵਿਚ ਪੈ ਕੇ। ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਹੋਰ ਦੇ ਪਿਆਰ ਵਿਚ। ਅਗਿਆਨ ਗੁਬਾਰੇ—ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਘੁੱਪ ਹਨੇਰਾ। ਨਦਰਿ ਨ ਆਵੈ—(ਉਹਨਾਂ ਨੂੰ) ਦਿੱਸਦਾ ਨਹੀਂ, (ਉਹਨਾਂ ਨੂੰ) ਕਦਰ ਨਹੀਂ ਪੈਂਦੀ। ਉਰਵਾਰਿ—(ਸੰਸਾਰ-ਸਮੁੰਦਰ ਤੋਂ) ਉਰਲੇ ਪਾਸੇ।4।

ਸਰਬੇ—ਸਭਨਾਂ ਵਿਚ। ਘਟਿ ਘਟਿ—ਹਰੇਕ ਸਰੀਰ ਵਿਚ। ਰਵਿਆ—ਮੌਜੂਦ। ਸਰਬ ਕਲਾ—ਸਾਰੀਆਂ ਤਾਕਤਾਂ ਦਾ ਮਾਲਕ। ਕਲ—ਸੱਤਿਆ, ਤਾਕਤ। ਧਾਰੇ—ਟਿਕਾ ਰਿਹਾ ਹੈ। ਨਾਨਕੁ ਕਹਤ—ਨਾਨਕ ਆਖਦਾ ਹੈ। ਕਰਿ—ਕਰ ਕੇ।5।

ਅਰਥ:- ਹੇ ਪਿਆਰੇ ਗੁਰੂ! ਮੈਨੂੰ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼। ਹੇ ਭਾਈ! ਜਿਨ੍ਹਾਂ ਮਨੁੱਖਾਂ ਉੱਤੇ ਗੁਰੂ ਦਾ ਮਨ ਪਤੀਜ ਜਾਂਦਾ ਹੈ, (ਗੁਰੂ) ਉਹਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ।1। ਰਹਾਉ।

ਹੇ ਭਾਈ! ਜਿਹੜੇ ਮਨੁੱਖ ਨਿਮਾਣੇ ਹੋ ਕੇ ਗੁਰੂ ਦੇ ਦਰ ਤੇ ਢਹਿ ਪੈਂਦੇ ਹਨ, (ਗੁਰੂ) ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦੇਂਦਾ ਹੈ। ਉਹ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਰਹਿੰਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਉਹਨਾਂ ਦੇ ਜੀਵਨ) ਸੋਹਣੇ ਬਣ ਜਾਂਦੇ ਹਨ।1।

ਹੇ ਭਾਈ! ਜਿਹੜੇ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਵਸਾਂਦੇ ਹਨ, ਜੀਭ ਨਾਲ ਉਸ ਨੂੰ ਸਲਾਹੁੰਦੇ ਹਨ, ਮਨ ਵਿਚ ਉਸ ਨਾਮ-ਰਸ ਨੂੰ ਵਿਚਾਰਦੇ ਹਨ, ਜਿਨ੍ਹਾਂ ਨੇ ਗੁਰੂ ਦੀ ਕਿਰਪਾ ਨਾਲ ਆਤਮਕ ਜੀਵਨ ਦੇਣ ਵਾਲੇ ਨਾਮ-ਰਸ ਨੂੰ (ਆਪਣੇ ਅੰਦਰ) ਪਛਾਣ ਲਿਆ, ਉਹ ਮਨੁੱਖ (ਵਿਕਾਰਾਂ ਤੋਂ) ਖ਼ਲਾਸੀ ਪਾਣ ਵਾਲਾ ਦਰਵਾਜ਼ਾ ਲੱਭ ਲੈਂਦੇ ਹਨ।2।

ਹੇ ਭਾਈ! ਜਿਹੜਾ ਗੁਰੂ-ਪੁਰਖ ਅਡੋਲ-ਚਿੱਤ ਰਹਿਣ ਵਾਲਾ ਹੈ, ਜਿਸ ਦੀ ਮਤਿ (ਵਿਕਾਰਾਂ ਦੇ ਟਾਕਰੇ ਤੇ) ਸਦਾ ਅਹਿੱਲ ਰਹਿੰਦੀ ਹੈ, ਜਿਸ ਦੇ ਅੰਦਰ ਸਦਾ ਅਡੋਲਤਾ ਟਿਕੀ ਰਹਿੰਦੀ ਹੈ ਜਿਸ ਨੂੰ ਸਦਾ ਹਰਿ-ਨਾਮ ਦਾ ਸਹਾਰਾ ਹੈ, ਉਸ ਗੁਰੂ ਦੇ ਅੱਗੇ ਮੈਂ ਆਪਣੀ ਜਿੰਦ ਭੇਟ ਕਰਦਾ ਹਾਂ, ਉਸ ਗੁਰੂ ਤੋਂ ਮੈਂ (ਸਦਾ) ਸਦਕੇ ਜਾਂਦਾ ਹਾਂ।3।

ਹੇ ਭਾਈ! (ਗੁਰੂ ਵਾਲਾ ਪਾਸਾ ਛੱਡ ਕੇ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਵਾਲੀ ਦੌੜ-ਭੱਜ ਦੇ ਕਾਰਨ ਮਾਇਆ ਦੇ ਮੋਹ ਵਿਚ (ਹੀ) ਫਸੇ ਰਹਿੰਦੇ ਹਨ, ਉਹਨਾਂ ਦੇ ਅੰਦਰ ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਘੁੱਪ ਹਨੇਰਾ (ਬਣਿਆ ਰਹਿੰਦਾ ਹੈ), ਉਹਨਾਂ ਨੂੰ ਨਾਮ ਦੀ ਦਾਤਿ ਦੇਣ ਵਾਲਾ ਗੁਰੂ ਦਿੱਸਦਾ ਹੀ ਨਹੀਂ, ਉਹ ਮਨੁੱਖ (ਵਿਕਾਰਾਂ-ਭਰੇ ਸੰਸਾਰ-ਸਮੁੰਦਰ ਤੋਂ) ਨਾਹ ਉਰਲੇ ਪਾਸੇ ਨਾਹ ਪਾਰਲੇ ਪਾਸੇ (ਪਹੁੰਚ ਸਕਦੇ ਹਨ, ਸੰਸਾਰ-ਸਮੁੰਦਰ ਦੇ ਵਿਚ ਹੀ ਗੋਤੇ ਖਾਂਦੇ ਰਹਿੰਦੇ ਹਨ)।4।

ਹੇ ਭਾਈ! ਜਿਹੜਾ ਪਰਮਾਤਮਾ ਸਭਨਾਂ ਵਿਚ ਵਿਆਪਕ ਹੈ, ਹਰੇਕ ਸਰੀਰ ਵਿਚ ਮੌਜੂਦ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਆਪਣੀ ਸੱਤਿਆ ਨਾਲ ਸ੍ਰਿਸ਼ਟੀ ਨੂੰ ਸਹਾਰਾ ਦੇ ਰਿਹਾ ਹੈ, ਉਸ ਦੇ ਦਰ ਤੇ ਉਸ ਦੇ ਦਾਸਾਂ ਦਾ ਦਾਸ ਨਾਨਕ ਬੇਨਤੀ ਕਰਦਾ ਹੈ (ਤੇ ਆਖਦਾ ਹੈ—ਹੇ ਪ੍ਰਭੂ!) ਮਿਹਰ ਕਰ ਕੇ ਮੈਨੂੰ (ਇਸ ਸੰਸਾਰ-ਸਮੁੰਦਰ ਤੋਂ) ਬਚਾਈ ਰੱਖ।5।3।